**ਪ੍ਰਧਾਨ ਮੰਤਰੀ ਨੇ G7 ਦੇ ਆਊਟਰੀਚ ਸੈਸ਼ਨ ਨੂੰ ਸੰਬੋਧਿਤ ਕੀਤਾ (17 ਜੂਨ, 2025)**

ਜੂਨ 18, 2025

ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਨੇ ਅੱਜ ਕੈਨਾਨਸਕਿਸ ਵਿੱਚ G7ਸਿਖਰ ਸੰਮੇਲਨ ਦੇ ਆਊਟਰੀਚ ਸੈਸ਼ਨ ਵਿੱਚ ਹਿੱਸਾ ਲਿਆ। ਉਨ੍ਹਾਂ ਨੇ 'ਊਰਜਾ ਸੁਰੱਖਿਆ: ਬਦਲਦੀ ਦੁਨੀਆ ਵਿੱਚ ਪਹੁੰਚ ਅਤੇ ਕਿਫਾਇਤੀ ਹੋਣ ਨੂੰ ਯਕੀਨੀ ਬਣਾਉਣ ਲਈ ਵਿਭਿੰਨਤਾ, ਤਕਨਾਲੋਜੀ ਅਤੇ ਬੁਨਿਆਦੀ ਢਾਂਚੇ' 'ਤੇ ਇੱਕ ਸੈਸ਼ਨ ਨੂੰ ਸੰਬੋਧਿਤ ਕੀਤਾ। ਉਨ੍ਹਾਂ ਨੇ ਕੈਨੇਡਾ ਦੇ ਪ੍ਰਧਾਨ ਮੰਤਰੀ ਮਹਾਮਹਿਮ ਸ਼੍ਰੀ ਮਾਰਕ ਕਾਰਨੀ ਨੂੰ ਉਨ੍ਹਾਂ ਦੇ ਸੱਦੇ ਲਈ ਧੰਨਵਾਦ ਦਿੱਤਾ ਅਤੇ G7 ਦੀ ਯਾਤਰਾ ਦੇ 50 ਸਾਲ ਪੂਰੇ ਹੋਣ 'ਤੇ ਵਧਾਈ ਦਿੱਤੀ।

2. ਆਪਣੇ ਸੰਬੋਧਨ ਵਿੱਚ, ਪ੍ਰਧਾਨ ਮੰਤਰੀ ਨੇ ਜ਼ੋਰ ਦੇਕੇ ਕਿਹਾ ਕਿ ਊਰਜਾ ਸੁਰੱਖਿਆ ਭਵਿੱਖ ਦੀਆਂ ਪੀੜ੍ਹੀਆਂ ਦੇ ਸਾਹਮਣੇ ਆਉਣ ਵਾਲੀਆਂ ਪ੍ਰਮੁੱਖ ਚੁਣੌਤੀਆਂ ਵਿੱਚੋਂ ਇੱਕ ਹੈ। ਸਮਾਵੇਸ਼ੀ ਵਿਕਾਸ ਪ੍ਰਤੀ ਭਾਰਤ ਦੀ ਵਚਨਬੱਧਤਾ ਬਾਰੇ ਵਿਸਥਾਰ ਨਾਲ ਦੱਸਦੇ ਹੋਏ, ਉਨ੍ਹਾਂ ਨੇ ਨੋਟ ਕੀਤਾ ਕਿ ਉਪਲਬਧਤਾ, ਪਹੁੰਚ, ਕਿਫਾਇਤੀ ਹੋਣਾ ਅਤੇ ਸਵੀਕਾਰਯੋਗਤਾ ਅਜਿਹੇ ਸਿਧਾਂਤ ਹਨ ਜੋ ਊਰਜਾ ਸੁਰੱਖਿਆ ਪ੍ਰਤੀ ਭਾਰਤ ਦੇ ਦ੍ਰਿਸ਼ਟੀਕੋਣ ਨੂੰ ਰੇਖਾਂਕਿਤ ਕਰਦੇ ਹਨ। ਉਨ੍ਹਾਂ ਨੇ ਅੱਗੇ ਜ਼ੋਰ ਦਿੱਤਾ ਕਿ ਹਾਲਾਂਕਿ ਭਾਰਤ ਵਿਸ਼ਵ ਵਿੱਚ ਸਭ ਤੋਂ ਤੇਜ਼ੀ ਨਾਲ ਵੱਧ ਰਹੀ ਪ੍ਰਮੁੱਖ ਅਰਥਵਿਵਸਥਾ ਹੈ, ਪਰ ਇਸ ਨੇ ਸਮੇਂ ਤੋਂ ਪਹਿਲਾਂ ਆਪਣੀ ਪੈਰਿਸ ਵਚਨਬੱਧਤਾਵਾਂ ਨੂੰ ਸਫਲਤਾਪੂਰਵਕ ਪੂਰਾ ਕਰ ਲਿਆ ਹੈ। ਇੱਕ ਟਿਕਾਊ ਅਤੇ ਹਰਿਤ ਭਵਿੱਖ ਪ੍ਰਤੀ ਭਾਰਤ ਦੀ ਵਚਨਬੱਧਤਾ ਨੂੰ ਉਜਾਗਰ ਕਰਦੇ ਹੋਏ, ਉਨ੍ਹਾਂ ਨੇ ਅੱਗੇ ਦੱਸਿਆ ਕਿ ਭਾਰਤ ਨੇ ਅੰਤਰਰਾਸ਼ਟਰੀ ਸੌਰ ਗੱਠਜੋੜ, ਆਫਤ ਰੋਧੀ ਬੁਨਿਆਦੀ ਢਾਂਚੇ ਲਈ ਗੱਠਜੋੜ, ਗਲੋਬਲ ਬਾਇਓਫਿਊਲ ਗੱਠਜੋੜ, ਮਿਸ਼ਨ ਲਾਈਫ ਅਤੇ ਇੱਕ ਸੂਰਜ- ਇੱਕ ਸੰਸਾਰ- ਇੱਕ ਗਰਿੱਡ ਜਿਹੀਆਂ ਕਈ ਗਲੋਬਲ ਪਹਿਲਕਦਮੀਆਂ ਕੀਤੀਆਂ ਹਨ ਅਤੇ ਅੰਤਰਰਾਸ਼ਟਰੀ ਸਮੁਦਾਇ ਨਾਲ ਉਨ੍ਹਾਂ ਨੂੰ ਹੋਰ ਮਜ਼ਬੂਤ ਕਰਨ ਦਾ ਸੱਦਾ ਦਿੱਤਾ।

3. ਪ੍ਰਧਾਨ ਮੰਤਰੀ ਨੇ ਕਿਹਾ ਕਿ ਵਿਸ਼ਵ ਦੇ ਵੱਖ-ਵੱਖ ਹਿੱਸਿਆਂ ਵਿੱਚ ਅਨਿਸ਼ਚਿਤਤਾ ਅਤੇ ਟਕਰਾਅ ਦਾ ਗਲੋਬਲ ਸਾਊਥ ਦੇ ਦੇਸ਼ਾਂ 'ਤੇ ਮਾੜਾ ਪ੍ਰਭਾਵ ਪਿਆ ਹੈ, ਅਤੇ ਭਾਰਤ ਗਲੋਬਲ ਸਾਊਥ ਦੀ ਆਵਾਜ਼ ਨੂੰ ਵਿਸ਼ਵ ਪੱਧਰ 'ਤੇ ਪਹੁੰਚਾਉਣ ਨੂੰ ਆਪਣੀ ਜ਼ਿੰਮੇਵਾਰੀ ਸਮਝਦਾ ਹੈ। ਉਨ੍ਹਾਂ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਜੇਕਰ ਅੰਤਰਰਾਸ਼ਟਰੀ ਸਮੁਦਾਇ ਇੱਕ ਸਥਾਈ ਭਵਿੱਖ ਬਾਰੇ ਗੰਭੀਰ ਹੈ ਤਾਂ ਦੁਨੀਆ ਲਈ ਗਲੋਬਲ ਸਾਊਥ ਦੀਆਂ ਪ੍ਰਾਥਮਿਕਤਾਵਾਂ ਅਤੇ ਚਿੰਤਾਵਾਂ ਨੂੰ ਸਮਝਣਾ ਜ਼ਰੂਰੀ ਹੈ। ਸੁਰੱਖਿਆ ਚੁਣੌਤੀਆਂ 'ਤੇ ਜ਼ੋਰ ਦਿੰਦੇ ਹੋਏ, ਉਨ੍ਹਾਂ ਦੇਸ਼ਾਂ ਨੂੰ ਅੱਤਵਾਦ ਵਿਰੁੱਧ ਵਿਸ਼ਵਵਿਆਪੀ ਲੜਾਈ ਨੂੰ ਮਜ਼ਬੂਤ ਕਰਨ ਦਾ ਸੱਦਾ ਦਿੱਤਾ। ਅੱਤਵਾਦ ਵਿਰੁੱਧ ਲੜਾਈ ਵਿੱਚ ਭਾਰਤ ਨੂੰ ਮਜ਼ਬੂਤ ਸਮਰਥਨ ਦੇਣ ਲਈ ਵਿਸ਼ਵ ਸਮੁਦਾਇ ਦਾ ਧੰਨਵਾਦ ਕਰਦੇ ਹੋਏ, ਉਨ੍ਹਾਂ ਨੇ ਕਿਹਾ ਕਿ ਪਹਲਗਾਮ ਅੱਤਵਾਦੀ ਹਮਲਾ ਸਿਰਫ ਭਾਰਤ 'ਤੇ ਹੀ ਨਹੀਂ ਸਗੋਂ ਸਮੁੱਚੀ ਮਾਨਵਤਾ 'ਤੇ ਹਮਲਾ ਸੀ। ਉਨ੍ਹਾਂ ਅੱਤਵਾਦ ਦਾ ਸਮਰਥਨ ਕਰਨ ਅਤੇ ਉਸ ਨੂੰ ਹੁਲਾਰਾ ਦੇਣ ਵਾਲੇ ਦੇਸ਼ਾਂ ਵਿਰੁੱਧ ਸਖਤ ਕਾਰਵਾਈ ਕਰਨ ਦਾ ਸੱਦਾ ਦਿੱਤਾ। ਉਨ੍ਹਾਂ ਅੱਗੇ ਕਿਹਾ ਕਿ ਅੱਤਵਾਦ ਨਾਲ ਨਜਿੱਠਣ ਵਿੱਚ ਦੋਹਰੇ ਮਾਪਦੰਡ ਨਹੀਂ ਹੋਣੇ ਚਾਹੀਦੇ ਅਤੇ ਅੱਤਵਾਦ ਦਾ ਸਮਰਥਨ ਕਰਨ ਵਾਲੇ ਲੋਕਾਂ ਨੂੰ ਕਦੇ ਵੀ ਇਨਾਮ ਨਹੀਂ ਦਿੱਤਾ ਜਾਣਾ ਚਾਹੀਦਾ। ਅੱਤਵਾਦ ਨੂੰ ਮਨੁੱਖਤਾ ਲਈ ਇੱਕ ਗੰਭੀਰ ਖਤਰਾ ਦੱਸਦੇ ਹੋਏ ਪ੍ਰਧਾਨ ਮੰਤਰੀ ਨੇ ਅੰਤਰਰਾਸ਼ਟਰੀ ਸਮੁਦਾਇ ਦੇ ਸਾਹਮਣੇ ਵਿਚਾਰ ਕਰਨ ਲਈ ਸਵਾਲ ਰੱਖੇ ਹਨ :

-ਕੀ ਦੇਸ਼ ਅੱਤਵਾਦ ਦੁਆਰਾ ਪੈਦਾ ਹੋਏ ਗੰਭੀਰ ਖਤਰੇ ਨੂੰ ਸਿਰਫ ਉਦੋਂ ਹੀ ਸਮਝਣਗੇ ਜਦੋਂ ਉਹ ਇਸ ਦਾ ਨਿਸ਼ਾਨਾ ਬਣਨਗੇ?

-ਅੱਤਵਾਦ ਦੇ ਦੋਸ਼ੀ ਅਤੇ ਇਸ ਦੇ ਪੀੜਤਾਂ ਦੀ ਬਰਾਬਰੀ ਕਿਵੇਂ ਕੀਤੀ ਜਾ ਸਕਦੀ ਹੈ?

-ਕੀ ਗਲੋਬਲ ਸੰਸਥਾਨ ਅੱਤਵਾਦ ਪ੍ਰਤੀ ਮੂਕਦਰਸ਼ਕ ਬਣੇ ਰਹਿਣਗੇ?

4. ਪ੍ਰਧਾਨ ਮੰਤਰੀ ਨੇ ਤਕਨਾਲੋਜੀ, AI ਅਤੇ ਊਰਜਾ ਦੇ ਵਿਚਕਾਰ ਸੰਬੰਧਾਂ 'ਤੇ ਵੀ ਗੱਲ ਕੀਤੀ। ਇਹ ਧਿਆਨ ਦਿੰਦੇ ਹੋਏ ਕਿ ਜਦੋਂ AI ਕੁਸ਼ਲਤਾ ਅਤੇ ਨਵੀਨਤਾ ਨੂੰ ਵਧਾਵਾ ਦੇਣ ਲਈ ਇੱਕ ਮਹੱਤਵਪੂਰਨ ਸਾਧਨ ਬਣ ਗਈ ਹੈ, ਪਰ ਤਕਨਾਲੋਜੀ ਲਈ ਖੁਦ ਭਰਪੂਰ ਊਰਜਾ ਦੀ ਲੋੜ ਹੁੰਦੀ ਸੀ, ਅਤੇ ਇਸ ਨੂੰ ਸਾਫ ਅਤੇ ਹਰਿਤ ਪਹਿਲਕਦਮੀਆਂ ਰਾਹੀਂ ਕਿਵੇਂ ਟਿਕਾਊ ਬਣਾਇਆ ਜਾਵੇ ਇਸ ਦੀ ਰਣਨੀਤੀ ਬਣਾਉਣਾ ਮਹੱਤਵਪੂਰਨ ਹੈ। ਤਕਨਾਲੋਜੀ ਨੂੰ ਵਧਾਵਾ ਦੇਣ ਲਈ ਭਾਰਤ ਦੀ ਮਾਨਵ-ਕੇਂਦਰਿਤ ਪਹੁੰਚ ਬਾਰੇ ਵਿਸਥਾਰ ਨਾਲ ਗੱਲ ਕਰਦੇ ਹੋਏ, ਉਨ੍ਹਾਂ ਨੇ ਕਿਹਾ ਕਿ ਪ੍ਰਭਾਵੀ ਹੋਣ ਲਈ ਕਿਸੇ ਵੀ ਤਕਨਾਲੋਜੀ ਨੂੰ ਆਮ ਲੋਕਾਂ ਦੇ ਜੀਵਨ ਨੂੰ ਬਿਹਤਰ ਬਣਾਉਣ ਵਿੱਚ ਯੋਗਦਾਨ ਪਾਉਣਾ ਚਾਹੀਦਾ ਹੈ। ਉਨ੍ਹਾਂ ਸੁਝਾਅ ਦਿੱਤਾ ਕਿ AI ਨਾਲ ਸੰਬੰਧਿਤ ਗਲੋਬਲ ਸ਼ਾਸਨ ਦੀਆਂ ਸਮੱਸਿਆਵਾਂ ਨੂੰ ਹੱਲ ਕਰਨਾ AI ਦੀਆਂ ਚਿੰਤਾਵਾਂ ਨਾਲ ਨਜਿੱਠਣ ਅਤੇ ਖੇਤਰ ਵਿੱਚ ਨਵੀਨਤਾ ਨੂੰ ਵਧਾਵਾ ਦੇਣ ਲਈ ਮਹੱਤਵਪੂਰਨ ਹੈ। ਉਨ੍ਹਾਂ ਨੇ ਜ਼ੋਰ ਦਿੱਤਾ ਕਿ AI ਦੇ ਯੁੱਗ ਵਿੱਚ ਵਿੱਚ ਮਹੱਤਵਪੂਰਨ ਖਣਿਜਾਂ ਦੀ ਸੁਰੱਖਿਅਤ ਅਤੇ ਲਚਕੀਲੀ ਸਪਲਾਈ ਚੇਨ ਹੋਣਾ ਮਹੱਤਵਪੂਰਨ ਹੈ। ਪ੍ਰਧਾਨ ਮੰਤਰੀ ਨੇ ਅੱਗੇ ਕਿਹਾ ਕਿ ਭਾਰਤ ਵਿੱਚ ਮੌਜੂਦ ਭਰਪੂਰ ਗੁਣਵੱਤਾਪੂਰਨ ਅਤੇ ਵਿਭਿੰਨਤਾ ਵਾਲਾ ਡੇਟਾ ਜ਼ਿੰਮੇਵਾਰ AI ਲਈ ਮਹੱਤਵਪੂਰਨ ਹੈ।

5. ਪ੍ਰਧਾਨ ਮੰਤਰੀ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਇੱਕ ਤਕਨਾਲੋਜੀ-ਅਧਾਰਿਤ ਇਸ ਦੁਨਿਆ ਵਿੱਚ ਇੱਕ ਟਿਕਾਊ ਭਵਿੱਖ ਬਣਾਉਣ ਲਈ ਦੇਸ਼ਾਂ ਵਿਚਕਾਰ ਨੇੜਲੇ ਸਹਿਯੋਗ ਦੀ ਜ਼ਰੂਰਤ ਹੈ, ਅਤੇ ਇਸ ਨੂੰ ਪ੍ਰਾਪਤ ਕਰਨ ਲਈ, ਲੋਕਾਂ ਅਤੇ ਧਰਤੀ ਨੂੰ ਪ੍ਰਗਤੀ ਦੇ ਕੇਂਦਰ ਵਿੱਚ ਰੱਖਿਆ ਜਾਣਾ ਚਾਹੀਦਾ ਹੈ। ਸੈਸ਼ਨ ਵਿੱਚ ਪ੍ਰਧਾਨ ਮੰਤਰੀ ਦਾ ਇਹ ਸੰਬੋਧਨ ਇੱਥੇ ਦੇਖਿਆ ਜਾ ਸਕਦਾ ਹੈ [ਲਿੰਕ]

ਕਨਾਨਾਸਕਿਸ

ਜੂਨ 17, 2025